- **ਪੰਜਾਬ ਸਰਕਾਰ ਵੱਲੋ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਸਕੀਮ' ਤਹਿਤ ਸਰਧਾਲੂਆਂ ਨੂੰ ਮੁਫ਼ਤ ਧਾਰਮਿਕ ਯਾਤਰਾ ਕਰਵਾਉਣ ਦਾ ਸ਼ਲਾਘਾਯੋਗ ਉਪਰਾਲਾ-ਗਿੱਲ**

- **ਵਿਧਾਨ ਸਭਾ ਹਲਕਾ ਧਰਮਕੋਟ ਦੇ ਸ਼ਰਧਾਲੂਆਂ ਲਈ 11 ਫਰਵਰੀ ਨੂੰ ਮੋਗਾ ਤੋ ਨਦੇੜ ਸਾਹਿਬ ਲਈ ਚੱਲੇਗੀ ਪਹਿਲੀ ਰੇਲ ਗੱਡੀ**

- **ਡਿਪਟੀ ਕਮਿਸ਼ਨਰ ਨੇ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਸਕੀਮ' ਸਬੰਧੀ ਅਧਿਕਾਰੀਆਂ ਦੀ ਮੀਟਿੰਗ ਦੀ ਕੀਤੀ ਪ੍ਰਧਾਨਗੀ**

ਮੋਗਾ 12 ਜਨਵਰੀ:

ਸੂਬੇ ਦੇ ਲੋਕਾਂ 'ਚ ਸਦਭਾਵਨਾ ਤੇ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਕਰਨ ਅਤੇ ਧਾਰਮਿਕ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਉਦਿਆਂ ਪੰਜਾਬ ਸਰਕਾਰ ਵੱਲੋ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਸਕੀਮ' ਤਹਿਤ ਇਸ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਇਸ ਸਕੀਮ ਤਹਿਤ **11 ਫਰਵਰੀ ਨੂੰ ਮੋਗਾ ਤੋ ਨਦੇੜ ਸਾਹਿਬ** ਲਈ ਪਹਿਲੀ ਵਿਸ਼ੇਸ਼ ਰੇਲ ਗੱਡੀ ਰਵਾਨਾ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੋਗਾ ਸ. ਪਰਮਿੰਦਰ ਸਿੰਘ ਗਿੱਲ ਨੇ ਅੱਜ ਸਥਾਨਕ ਮੀਟਿੰਗ ਹਾਲ ਵਿਖੇ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਸਕੀਮ' ਸਬੰਧੀ ਅਧਿਕਾਰੀਆਂ ਦੀ ਬੁਲਾਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਇਹ ਪਹਿਲੀ ਰੇਲ ਗੱਡੀ ਮੋਗਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਧਰਮਕੋਟ ਦੇ ਸ਼ਰਧਾਲੂਆਂ ਨੂੰ ਦਰਸ਼ਨ ਕਰਵਾਉਣ ਉਪਰੰਤ ਵਾਪਸ ਪਰਤੇਗੀ।ਉਨ੍ਹਾਂ ਦੱਸਿਆ ਕਿ ਇਸ ਮੁਫ਼ਤ, ਆਰਾਮਦਾਇਕ ਅਤੇ ਸੁਖਾਲੀ ਧਾਰਮਿਕ ਯਾਤਰਾ ਦੌਰਾਨ ਸ਼ਰਧਾਲੂਆਂ ਲਈ ਖਾਣ-ਪੀਣ, ਰਹਿਣ-ਸਹਿਣ ਅਤੇ ਲਿਆਉਣ-ਲਿਜਾਣ ਦਾ ਸਮੁੱਚਾ ਖਰਚਾ ਪੰਜਾਬ ਸਰਕਾਰ ਵੱਲੋ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਿਸ਼ੇਸ਼ ਰੇਲ ਗੱਡੀ ਵਿੱਚ ਸੀਟਾਂ ਲਈ ਕਿਸੇ ਵੀ ਕਿਸਮ ਦੀ ਰਿਜ਼ਰਵੇਸ਼ਨ ਦੀ ਲੋੜ ਨਹੀ ਹੈ ਅਤੇ ਗੱਡੀ ਵਿੱਚ ਸ਼ਰਧਾਲੂਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

ਮੀਟਿੰਗ ਵਿੱਚ ਹੋਰਨਾਂ ਤੋ ਇਲਾਵਾ ਐਸ.ਡੀ.ਐਮ ਧਰਮਕੋਟ ਸ੍ਰ: ਜਸਪਾਲ ਸਿੰਘ ਗਿੱਲ, ਜਿਲ੍ਹਾ ਟਰਾਂਸਪੋਰਟ ਅਫਸਰ ਮੋਗਾ ਸ਼੍ਰੀਮਤੀ ਅਨੀਤਾ ਦਰਸੀ, ਸ਼ਟੇਸ਼ਣ ਸੁਪਰਡੈਟ ਐਸ.ਆਰ.ਮੀਨਾ, ਡਿਪਟੀ ਡਾਇਰੈਕਟ ਲੋਕਲ ਗੋਰਮਿੰਟ ਫਿਰੋਜ਼ਪੁਰ ਦੇ ਨੁਮਾਇੰਦੇ ਜਗਜੀਤ ਸਿੰਘ ਬਰਾੜ, ਡੀ.ਐਸ.ਪੀ ਮੋਗਾ ਹਰਿੰਦਰ ਸਿੰਘ, ਜਿਲ੍ਹਾ ਸਿੱਖਿਆ ਅਫਸਰ (ਸੈ) ਬਲਦੇਵ ਸਿੰਘ, ਜਿਲਾ ਵਿਕਾਸ ਤੇ ਪੰਚਾਇਤ ਅਫਸਰ ਛਤਰਪਾਲ ਸਿੰਘ ਅਤੇ ਐਕਸੀਅਨ ਮਿਉਸਪਲ ਕਾਰਪੋਰੇਸ਼ਨ ਕਿਸੋਰ ਬਾਂਸਲ ਹਾਜ਼ਰ ਸਨ।

---

ਨੰ: ਪੀ.ਆਰ (ਪ੍ਰੈ ਰੀ)-2016/18

**ਫੋਟੋਆਂ ਨੱਥੀ ਹਨ ਜੀ**